# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-06-2024**

- 18ਵੀਂ ਲੋਕ ਸਭਾ ਦਾ ਪਹਿਲਾ ਇਜਲਾਸ 24 ਜੂਨ ਤੋਂ ਸ਼ੁਰੂ ਹੋਵੇਗਾ।
- ਵਿਸ਼ਵ ਬੈਂਕ ਦੇ ਮੁਤਾਬਿਕ, ਭਾਰਤ ਅਗਲੇ ਤਿੰਨ ਵਿੱਤੀ ਸਾਲਾਂ ਵਿੱਚ 6.7 ਫ਼ੀਸਦ ਦੀ ਸਥਿਰ ਵਿਕਾਸ ਦਰ ਦੇ ਨਾਲ, ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਅਰਥ-ਵਿਵਸਥਾ ਬਣਿਆ ਰਹੇਗਾ।
- ਨਾਰਕੋਟਿਕਸ ਕੰਟਰੋਲ ਬਿਊਰੋ ਵੱਲੋਂ ਅੱਜ ਤੋਂ 26 ਜੂਨ ਤੱਕ, ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਖਿਲਾਫ ਦੇਸ਼ ਭਰ ਵਿੱਚ, 'ਨਸ਼ਾ ਮੁਕਤ ਭਾਰਤ ਪੰਦਰਵਾੜੇ' ਦੀ ਸ਼ੁਰੂਆਤ ।
- ਪਠਾਨਕੋਟ ਵਿਖੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸੁਨੇਹਾ ਦਿੰਦੀ ਸਾਈਕਲ ਰੈਲੀ ਦਾ ਆਯੋਜਨ ।

---

18ਵੀਂ ਲੋਕ ਸਭਾ ਦਾ ਪਹਿਲਾ ਇਜਲਾਸ 24 ਜੂਨ ਤੋਂ ਸ਼ੁਰੂ ਹੋਵੇਗਾ । ਇਸ ਇਜਲਾਸ ਵਿੱਚ ਨਵੇਂ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਜਾਵੇਗੀ ਅਤੇ ਲੋਕ ਸਭਾ ਦੇ ਸਪੀਕਰ ਦੀ ਚੋਣ ਕੀਤੀ ਜਾਵੇਗੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਸੰਸਦ ਦੇ ਦੋਵਾਂ ਸਦਨਾਂ ਨੂੰ ਸੰਬੋਧਨ ਕਰਨਗੇ ਅਤੇ ਉਨ੍ਹਾਂ ਦੇ ਭਾਸ਼ਣ 'ਤੇ ਚਰਚਾ ਹੋਵੇਗੀ । ਜਦਕਿ ਰਾਜ ਸਭਾ ਦਾ ਇਜਲਾਸ ਵੀ ਇਸ ਮਹੀਨੇ ਦੀ 27 ਤਰੀਕ ਨੂੰ ਸ਼ੁਰੂ ਹੋਵੇਗਾ । ਸੰਸਦ ਦਾ ਇਜਲਾਸ ਅਗਲੇ ਮਹੀਨੇ ਦੀ 3 ਤਰੀਕ ਨੂੰ ਖਤਮ ਹੋਵੇਗਾ । ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜਿਜੂ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਇਹ ਜਾਣਕਾਰੀ ਦਿੱਤੀ ਏ । ਉਨ੍ਹਾਂ ਕਿਹਾ ਕਿ ਜਨਤਾ ਨੇ ਫੈਸਲਾ ਲੈ ਲਿਆ ਏ ਅਤੇ ਹੁਣ ਸਾਡਾ ਫਰਜ਼ ਬਣਦਾ ਏ  ਕਿ ਅਸੀਂ ਦੇਸ਼ ਦੀ ਸੇਵਾ ਲਈ ਕੰਮ ਕਰੀਏ । ਸ੍ਰੀ ਰੀਜੀਜੂ ਨੇ ਕਿਹਾ ਕਿ ਚਰਚਾ ਅਤੇ 140 ਕਰੋੜ ਭਾਰਤੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਸੰਸਦ ਇੱਕ ਆਦਰਸ਼ ਮੰਚ ਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਉਂਦੇ  ਕੌਮਾਂਤਰੀ ਯੋਗ ਦਿਵਸ ਦੇ

ਮੱਦੇਨਜ਼ਰ, ਵ੍ਰਿਕਸ਼ਆਸਨ ਦੇ ਫਾਇਦਿਆਂ ਦਾ ਵਰਣਨ ਕਰਦੇ ਹੋਏ, ਆਪਣੇ ਸੋਸ਼ਲ ਮੀਡੀਆ ਅਕਾਉਂਟ 'ਤੇ ਇਸ ਯੋਗ ਆਸਨ ਦਾ ਵੀਡੀਓ ਸਾਂਝਾ ਕੀਤਾ ਏ। ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ, ਵ੍ਰਿਕਸ਼ਆਸਨ ਸੰਤੁਲਨ ਨੂੰ ਬੇਹਤਰ ਕਰਨ ਵਿੱਚ ਮਦਦ ਕਰਨ ਸਮੇਤ ਕਈ ਫਾਇਦੇ ਨੇ।

---------------------------------------------------------------

ਇਸ ਵਾਰ ਕੌਮਾਂਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਫਰੀਦਕੋਟ ਅਤੇ ਮੋਹਾਲੀ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ ।

---------------------------------------------------------------

ਵਿਸ਼ਵ ਬੈਂਕ ਦੀ ਤਾਜ਼ਾ ਰਿਪੋਰਟ ਦੇ ਮੁਤਾਬਿਕ, ਭਾਰਤ ਅਗਲੇ ਤਿੰਨ ਵਿੱਤੀ ਸਾਲਾਂ ਵਿੱਚ 6.7 ਫ਼ੀਸਦ ਦੀ ਸਥਿਰ ਵਿਕਾਸ ਦਰ ਦੇ ਨਾਲ, ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਅਰਥ-ਵਿਵਸਥਾ ਬਣਿਆ ਰਹੇਗਾ। ਇਹ ਵਾਧਾ ਘਰੇਲੂ ਮੰਗ, ਵਧੇ ਹੋਏ ਨਿਵੇਸ਼

ਅਤੇ ਸੇਵਾ ਖੇਤਰ ਨਾਲ ਸਬੰਧਤ ਗਤੀਵਿਧੀਆਂ ਤੋਂ ਪ੍ਰੇਰਿਤ ਏ। ਆਲਮੀ ਆਰਥਿਕ ਸੰਭਾਵਨਾ ਰਿਪੋਰਟ ਵਿੱਚ, ਵਿਸ਼ਵ ਬੈਂਕ ਨੇ ਵਿੱਤੀ ਸਾਲ 2024-25 ਲਈ ਭਾਰਤ ਦੇ ਵਿਕਾਸ ਦੇ ਅਨੁਮਾਨ ਨੂੰ 6.6 ਫੀਸਦੀ 'ਤੇ ਬਰਕਰਾਰ ਰੱਖਿਆ ਏ । ਇਸ ਤੋਂ ਪਹਿਲਾਂ ਕੌਮਾਂਤਰੀ ਮੁਦਰਾ ਫੰਡ ਨੇ, ਵਿੱਤੀ ਸਾਲ 2024-25 ਲਈ, ਭਾਰਤ ਦੀ ਵਿਕਾਸ ਦਰ ਦੇ ਅਨੁਮਾਨ ਨੂੰ 6.5 ਫੀਸਦੀ ਤੋਂ ਵਧਾ ਕੇ 6.8 ਫੀਸਦੀ ਕੀਤਾ ਸੀ।

---------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ ‘ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, ‘ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ‘ ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ

ਏ। ਮੋਗਾ ਜ਼ਿਲਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਬਾਰੇ ਦੱਸਦੇ ਨੇ।

---------------------------------------------------------

ਨਾਰਕੋਟਿਕਸ ਕੰਟਰੋਲ ਬਿਊਰੋ- NCB ਵੱਲੋਂ ਅੱਜ ਤੋਂ 26 ਜੂਨ ਤੱਕ ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਖਿਲਾਫ, ਕੌਮਾਂਤਰੀ ਦਿਵਸ ਵਜੋਂ, ਦੇਸ਼ ਭਰ ਵਿੱਚ 'ਨਸ਼ਾ ਮੁਕਤ ਭਾਰਤ ਪੰਦਰਵਾੜਾ ' ਮਨਾਇਆ ਜਾ ਰਿਹਾ ਏ। ਇਸ ਨੂੰ ਮਨਾਉਣ ਦਾ ਉਦੇਸ਼ ਲੋਕਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਏ। ਬਿਊਰੋ ਨੇ ਇੱਕ ਬਿਆਨ ਵਿੱਚ ਕਿਹਾ ਏ, ਕਿ ਇਸ ਨੇ ਵੱਧ ਤੋਂ ਵੱਧ ਨਾਗਰਿਕਾਂ ਨੂੰ, ਨਸ਼ੇ ਖਿਲਾਫ 'e-pledge' ਲੈਣ ਲਈ ਉਤਸ਼ਾਹਿਤ ਕਰਨ ਲਈ, ਇੱਕ ਨਜ਼ਰੀਆ ਅਪਣਾਇਆ ਏ। ਸਰਕਾਰ ਨੇ 'ਨਸ਼ਾ ਮੁਕਤ ਭਾਰਤ' ਲਈ, ਆਪਣੀ ਦ੍ਰਿੜ ਵਚਨਬੱਧਤਾ ਦੀ ਪੁਸ਼ਟੀ ਕੀਤੀ ਏ। ਸੰਯੁਕਤ ਰਾਸ਼ਟਰ ਮਹਾਂਸਭਾ ਨੇ ਹਰ ਸਾਲ 26 ਜੂਨ ਨੂੰ, "ਨਸ਼ੇ ਦੀ ਦੁਰਵਰਤੋਂ ਅਤੇ ਨਾਜਾਇਜ਼ ਤਸਕਰੀ ਵਿਰੁੱਧ ਕੌਮਾਂਤਰੀ ਦਿਵਸ" ਵਜੋਂ ਐਲਾਨਿਆ ਹੋਇਆ ਏ।

---

ਪੰਜਾਬ ਪੁਲਿਸ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸੁਨੇਹਾ ਦੇਣ ਬਾਰੇ ਨਿਵੇਕਲੇ ਉਪਰਾਲੇ ਤਹਿਤ ਜ਼ਿਲਾ ਪਠਾਨਕੋਟ ਵਿਖੇ ਅੱਜ ਇਕ ਸਾਈਕਲ ਰੈਲੀ ਕੱਢੀ ਗਈ। ਇਸਦਾ ਮਕਸਦ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਏ। ਇਸ ਮੌਕੇ ਬਾਰਡਰ ਰੇਂਜ ਦੇ DIG ਰਾਕੇਸ਼ ਕੌਸ਼ਲ ਨੇ ਸ਼ਿਰਕਤ ਕੀਤੀ। ਉਨ੍ਹਾਂ ਇਸ ਰੈਲੀ ਦੇ ਮਕਸਦ ਬਾਰੇ ਦੱਸਦਿਆਂ, ਲੋਕਾਂ ਨੂੰ ਇਸ ਉਪਰਾਲੇ ਵਿਚ ਸਹਿਯੋਗ ਦੇਣ ਸੱਦਾ ਦਿੱਤਾ।

---

ਜਲੰਧਰ ਵਿਚ ਅੱਜ ਦੋ ਵੱਖ ਵੱਖ ਥਾਵਾਂ 'ਤੇ ਅੱਗ ਲੱਗਣ ਦੀ ਖਬਰ ਮਿਲੀ ਏ । ਜਲੰਧਰ ਦੇ GST ਭਵਨ ਦੀ 5ਵੀਂ ਮੰਜ਼ਿਲ 'ਤੇ ਅਚਾਨਕ ਅੱਗ ਲੱਗ ਗਈ। ਹਿੰਦੁਸਥਾਨ ਖਬਰ ਏਜੇਂਸੀ ਮੁਤਾਬਕ ਅੰਦਰ 5 ਵੱਖ-ਵੱਖ ਵਿਭਾਗ ਨੇ ਅਤੇ ਇਨ੍ਹਾਂ ਵਿਭਾਗਾਂ ਵਿੱਚ ਮੁਲਾਜ਼ਮ ਕੰਮ ਕਰ ਰਹੇ ਸਨ। ਇਸ ਦੌਰਾਨ ਅਚਾਨਕ ਅੰਦਰੋਂ ਅੱਗ ਦੀ ਬਦਬੂ ਆਉਣ ਲੱਗੀ ਅਤੇ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ। ਘਟਨਾ ਦੀ ਸੂਚਨਾ

ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਸਮੇਤ ਕਈ ਅਧਿਕਾਰੀ ਮੌਕੇ 'ਤੇ ਪਹੁੰਚ । ਓਧਰ ਨਕੋਦਰ ਚੌਕ ਨੇੜੇ ਸਥਿਤ ਇਕ ਸ਼ੋਅਰੂਮ 'ਚ ਭਿਆਨਕ ਅੱਗ ਲੱਗਣ ਦੀ ਖਬਰ ਏ । ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਅੱਗ ’ਤੇ ਕਾਬੂ ਪਾਇਆ ਗਿਆ ।

---------------------------------------------------

ਸੂਬੇ ਵਿੱਚੋਂ ਬਾਲ ਮਜਦੂਰੀ ਦੀ ਸਮਾਜਿਕ ਬੁਰਾਈ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ, ਬਾਲ ਮਜਦੂਰੀ ਖਾਤਮਾ ਹਫਤਾ ਮੁਹਿੰਮ 21 ਜੂਨ ਤੱਕ ਚਲਾਈ ਜਾ ਰਹੀ ਏ ।ਫਰੀਦਕੋਟ ਦੇ ਐਸ.ਡੀ.ਐਮ ਵਰੁਣ ਕੁਮਾਰ ਨੇ ਦੱਸਿਆ ਕਿ ਬਾਲ ਮਜਦੂਰੀ ਦੀ ਰੋਕਥਾਮ ਅਤੇ ਰੈਗੂਲੇਸ਼ਨ ਐਕਟ 1986 ਅਨੁਸਾਰ, 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਖਤਰਨਾਕ ਅਤੇ ਗੈਰ ਖਤਰਨਾਕ ਅਦਾਰਿਆਂ ਵਿੱਚ ਕੰਮ ਕਰਵਾਉਣਾ ਕਾਨੂੰਨੀ ਜ਼ੁਰਮ ਏ ਅਤੇ ਜੇਕਰ ਕੋਈ ਵੀ ਵਿਅਕਤੀ ਜਾਂ ਅਦਾਰੇ ਦਾ ਮਾਲਕ ਕੰਮ ਕਰਵਾਉਂਦਾ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜਿਲ੍ਹਾ ਫਰੀਦਕੋਟ ਵਿਖੇ ਐਕਟ ਤਹਿਤ ਜਿਲ੍ਹਾ ਪੱਧਰੀ ਕਾਰਜ ਬਲ ਕਮੇਟੀ ਦਾ ਗਠਨ ਕੀਤਾ

ਗਿਆ ਏ ਜਿਸ ਵਿੱਚ ਵੱਖ-ਵੱਖ ਵਿਭਾਗ ਸ਼ਾਮਿਲ ਨੇ। ਇਹ ਟੀਮ ਸਾਂਝੇ ਤੌਰ ਤੇ ਜਿਲ੍ਹੇ ਵਿੱਚ 21 ਜੂਨ ਤੱਕ ਅਚਨਚੇਤ ਛਾਪੇਮਾਰੀ ਕਰੇਗੀ।ਇਸੇ ਲੜੀ ਤਹਿਤ ਅੱਜ ਸ਼ਹਿਰ ਦੀਆਂ ਦੀਆਂ ਵੱਖ ਵੱਖ ਥਾਵਾਂ ਤੇ ਅਚਨਚੇਤ ਚੈਕਿੰਗ ਕੀਤੀ ਗਈ ਦੁਕਾਨਦਾਰਾਂ ਨੂੰ ਬਾਲ ਮਜਦੂਰੀ ਨਾ ਕਰਵਾਉਣ ਲਈ ਵੀ ਜਾਗਰੂਕ ਕੀਤਾ ਗਿਆ।

---------------------------------------------------------------

ਸੰਯੁਕਤ ਰਾਸ਼ਟਰ ਵੱਲੋਂ 11 ਜੂਨ ਨੂੰ ਬੱਚਿਆਂ ਦੇ ਖੇਡਣ ਦੇ ਮੌਲਿਕ ਅਧਿਕਾਰ ਦੀ ਰਾਖੀ ਲਈ ਸਮਰਪਿਤ ਦਿਹਾੜੇ ਵਜੋਂ ਮਨਾਏ ਜਾਣ ਦਾ ਫ਼ੈਸਲਾ ਲਏ ਜਾਣ ਮਗਰੋਂ ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸ ਮੋਹਾਲੀ ਨੇ, ਹਸਪਤਾਲ ਵਿੱਚ ਦਾਖਲ ਬੱਚਿਆਂ ਲਈ ਕਲ ਪਹਿਲਾ ਕੌਮਾਂਤਰੀ ਖੇਡ ਦਿਵਸ ਮਨਾਇਆ। ਬੱਚਿਆਂ ਦੇ ਖੇਡਣ ਦੇ ਇਸ ਕੌਮਾਂਤਰੀ ਦਿਵਸ ਦੇ ਸਨਮਾਨ ਵਿੱਚ, ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਬੱਚਿਆਂ ਦੇ ਸਿਹਤਮੰਦ ਵਿਕਾਸ ਵਿੱਚ ਖੇਡ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ 11 ਜੂਨ 'ਖੇਡ ਦੀ ਮਹੱਤਤਾ ਨੂੰ ਉੱਚਾ ਚੁੱਕਣ ਲਈ

ਆਲਮੀ , ਰਾਸ਼ਟਰੀ ਅਤੇ ਸਥਾਨਕ ਪੱਧਰ 'ਤੇ ਇਕਜੁੱਟਤਾ ਬਣਾਉਣ ਦੇ ਨਾਲ ਨਾਲ 'ਹਰ ਇੱਕ, ਖਾਸ ਕਰਕੇ ਬੱਚਿਆਂ ਲਈ ਖੇਡ ਨੂੰ ਯਕੀਨੀ ਬਣਾਉਣ, ਉਤਸ਼ਾਹਿਤ ਕਰਨ ਅਤੇ ਤਰਜੀਹ ਦੇਣ ਲਈ ਸਮਰਪਿਤ ਅਵਸਰ ਏ । ਉਨ੍ਹਾਂ ਕਿਹਾ ਕਿ ਬੱਚਿਆਂ ਚ, ਖਾਸ ਤੌਰ 'ਤੇ, ਰਿਸ਼ਤੇ ਬਣਾਉਣ, ਭਾਵਨਾਤਮਕ ਨਿਯੰਤਰਣ ਨੂੰ ਬਿਹਤਰ ਬਣਾਉਣ, ਸਦਮੇ 'ਤੇ ਕਾਬੂ ਪਾਉਣ ਅਤੇ ਸਮੱਸਿਆ ਹੱਲ ਕਰਨ ਦੇ ਹੁਨਰਾਂ ਨੂੰ ਵਿਕਸਤ ਕਰਨ ਲਈ ਖੇਡਣਾ ਮਹੱਤਵਪੂਰਨ ਏ ।

---------------------------------------------------------

ਪੰਜਾਬ ਰਾਜ ਵਿੱਚ ਦਿਵੀਆਂਗ ਮੁੰਡਿਆਂ ਤੇ ਕੁੜੀਆਂ ਲਈ ਵਜੀਫ਼ਾ ਯੋਜਨਾ ਤਹਿਤ, 12 ਹਜ਼ਾਰ 607 ਲਾਭਪਾਤਰੀਆਂ ਨੂੰ 3 ਕਰੋੜ 8 ਲੱਖ ਰੁਪਏ ਅਤੇ ਦਿਵਿਆਗਾਂ ਬਾਰੇ ਕੌਮੀ ਵਜੀਫ਼ਾ ਯੋਜਨਾ ਤਹਿਤ 249 ਵਿਦਿਆਰਥੀਆਂ ਨੂੰ 39 ਲੱਖ 71 ਹਜ਼ਾਰ ਰੁਪਏ ਦਾ ਲਾਭ ਦਿੱਤਾ ਗਿਆ ਏ । ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਯੋਜਨਾ ਤਹਿਤ ਪਹਿਲੀ ਤੋਂ ਅੱਠਵੀਂ ਜਮਾਤ ਤੱਕ 200 ਰੁਪਏ ਪ੍ਰਤੀ ਮਹੀਨਾ ਅਤੇ ਨੌਵੀਂ ਤੋਂ ਡਿਗਰੀ ਪੱਧਰ ਤੱਕ ਦੀ ਪੜ੍ਹਾਈ ਕਰਨ

ਵਾਲੇ ਵਿਦਿਆਰਥੀਆਂ ਨੂੰ 300 ਰੁਪਏ ਪ੍ਰਤੀ ਮਹੀਨਾ ਵਜ਼ੀਫਾ ਦਿੱਤਾ ਜਾਂਦਾ ਏ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਵਜੀਫਾ ਸਕੀਮ ਤਹਿਤ ਪਿੰਡਾਂ ਵਿੱਚ ਪੜ੍ਹਾਈ ਕਰ ਰਹੀਆਂ ਦਿਵਿਆਂਗਜਨ ਲੜਕੀਆਂ ਦੇ ਪੜ੍ਹਾਈ ਦੇ ਪੱਧਰ ਨੂੰ ਉੱਚਾ ਚੱਕਣ ਲਈ ਲਾਭ ਦਿੱਤਾ ਜਾਂਦਾ ਏ।

------------------------------------------------------------

ਬਠਿੰਡਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ  ਤਹਿਤ ਪਿੰਡ ਬੱਲ੍ਹਆਣਾ ਵਿਖੇ ਪਿੰਡ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਖੇਤੀਬਾੜੀ ਵਿਕਾਸ ਅਫ਼ਸਰ ਡਾ. ਲਵਪ੍ਰੀਤ ਕੌਰ ਨੇ ਕਿਸਾਨਾਂ ਨੂੰ ਨਰਮੇ ਦੀ ਫ਼ਸਲ ਤੇ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਣ ਲਈ ਮੁੱਢਲੇ ਪ੍ਰਬੰਧ ਅਤੇ ਨਰਮੇ ਦੀ ਫ਼ਸਲ ਦੀ ਕਾਸ਼ਤ ਲਈ ਖਾਦਾਂ, ਸਪਰੇਹਾਂ, ਕੀੜੇ-ਮਕੌੜੇ, ਤੇ ਬਿਮਾਰੀਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦੇਣ ਦੇ ਨਾਲ-ਨਾਲ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਵੇਖਦੇ ਹੋਏ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਆਮ ਝੋਨੇ ਨਾਲੋਂ ਲੱਗਭਗ 20 ਫੀਸਦੀ ਤੱਕ ਪਾਣੀ ਦੀ ਬੱਚਤ ਹੁੰਦੀ ਏ

। ਇਸ ਵਿਧੀ ਰਾਹੀਂ ਖਰਚਾ ਵੀ ਘੱਟ ਹੁੰਦਾ ਏ। ਪਿਛਲੇ ਸਾਲਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੇ ਵੀ ਆਪਣੇ ਤਜ਼ਰਬੇ ਅਤੇ ਵਿਚਾਰ ਸਾਂਝੇ ਕੀਤੇ।

---

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- 18ਵੀਂ ਲੋਕ ਸਭਾ ਦਾ ਪਹਿਲਾ ਇਜਲਾਸ 24 ਜੂਨ ਤੋਂ ਸ਼ੁਰੂ ਹੋਵੇਗਾ।
- ਵਿਸ਼ਵ ਬੈਂਕ ਦੇ ਮੁਤਾਬਿਕ, ਭਾਰਤ ਅਗਲੇ ਤਿੰਨ ਵਿੱਤੀ ਸਾਲਾਂ ਵਿੱਚ 6.7 ਫ਼ੀਸਦ ਦੀ ਸਥਿਰ ਵਿਕਾਸ ਦਰ ਦੇ ਨਾਲ, ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਅਰਥ-ਵਿਵਸਥਾ ਬਣਿਆ ਰਹੇਗਾ।
- ਨਾਰਕੋਟਿਕਸ ਕੰਟਰੋਲ ਬਿਊਰੋ ਵੱਲੋਂ ਅੱਜ ਤੋਂ 26 ਜੂਨ ਤੱਕ, ਨਸ਼ਾਖੋਰੀ ਅਤੇ ਗੈਰ-ਕਾਨੂੰਨੀ ਤਸਕਰੀ ਖਿਲਾਫ ਦੇਸ਼ ਭਰ ਵਿੱਚ, 'ਨਸ਼ਾ ਮੁਕਤ ਭਾਰਤ ਪੰਦਰਵਾੜੇ' ਦੀ ਸ਼ੁਰੂਆਤ।

- ਪਠਾਨਕੋਟ ਵਿਖੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦਾ ਸੁਨੇਹਾ ਦਿੰਦੀ ਸਾਈਕਲ ਰੈਲੀ ਦਾ ਆਯੋਜਨ।